# ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
## ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ,

ਪੰਜਵੀ ਮੰਜਿਲ, ਈ ਬਲਾਕ, ਸਿੱਖਿਆ ਭਵਨ, ਪੀ.ਐਸ.ਈ.ਬੀ. ਕੰਪਲੈਕਸ, ਫੇਜ਼-8, ਐਸ.ਏ.ਐਸ ਨਗਰ
ਫੋਨ ਨੰ:0172-5212364 **Website: www.ssapunjab.org**


ਵੱਲ,

Through website

(1) ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), ਪੰਜਾਬ।
(2) ਸਮੂਹ ਸਕੂਲ ਮੁੱਖੀ, ਪੰਜਾਬ।

ਮੀਮੋ ਨੰ: ਸਸਅ/ਐਮਸੀ/2018/ 22533
ਮਿਤੀ : 15-6-18

**ਵਿਸ਼ਾ :-** ਰਾਜ ਵਿੱਚ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ "ਦੁੱਧ ਮਨੁੱਖੀ ਸਿਹਤ ਦਾ ਆਧਾਰ" ਵਿਸ਼ਾ ਤੇ ਲੇਖ ਮੁਕਾਬਲਾ ਕਰਵਾਉਣ ਸਬੰਧੀ।
**ਹਵਾਲਾ :-** ਇਸ ਦਫ਼ਤਰ ਦੇ ਪੱਤਰ ਨੰ. ਸਸਅ/ਐਮਸੀ/2018/ 20935 ਮਿਤੀ 11.6.2018 ਸਬੰਧੀ।

1.0 ਉਪਰੋਕਤ ਵਿਸ਼ੇ ਅਤੇ ਹਵਾਲੇ ਸਬੰਧੀ ਲਿਖਿਆ ਜਾਂਦਾ ਹੈ ਕਿ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਰਾਜ ਵਿੱਚ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ ਦੁੱਧ ਦੀ ਮਹੱਤਤਾ ਸਬੰਧੀ ਲੇਖ ਮੁਕਾਬਲਾ ਕਰਵਾਇਆ ਜਾ ਰਿਹਾ ਹੈ। ਇਸ ਸਾਲ ਦੇ ਲੇਖ ਦਾ ਵਿਸ਼ਾ "ਦੁੱਧ ਮਨੁੱਖੀ ਸਿਹਤ ਦਾ ਆਧਾਰ" (Milk as the base of Human Health) ਰੱਖਿਆ ਗਿਆ ਹੈ। ਇਹ ਲੇਖ ਪੰਜਾਬੀ, ਅੰਗਰੇਜ਼ੀ ਭਾਸ਼ਾ ਵਿੱਚ ਲਿਖਿਆ ਜਾ ਸਕਦਾ ਹੈ।

2.0 ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਇਹ ਲੇਖ ਮੁਕਾਬਲਾ ਜੁਲਾਈ ਮਹੀਨੇ ਦੇ ਪਹਿਲੇ ਹਫਤੇ ਵਿੱਚ ਕਰਵਾ ਲੈਣ।ਜੱਜਮੈਂਟ ਲਈ ਸਕੂਲ ਮੁੱਖੀ ਵੱਲੋਂ ਆਪਣੇ ਸਕੂਲ ਦੇ ਤਿੰਨ ਅਧਿਆਪਕਾਂ ਦੀ ਕਮੇਟੀ ਬਣਾਈ ਜਾਵੇ। ਕਮੇਟੀ ਵੱਲੋਂ ਵਧੀਆ ਲੇਖਾਂ ਦਾ ਚੁਣਾਵ ਕਰਦੇ ਸਮੇਂ Content ਅਤੇ Essay Hand Writing ਨੂੰ ਧਿਆਨ ਵਿੱਚ ਰੱਖਿਆ ਜਾਵੇ। ਸਕੂਲ ਮੁੱਖੀ ਵੱਲੋਂ ਆਪਣੇ ਸਕੂਲ ਦੇ ਚੁਣੇ ਗਏ ਤਿੰਨ ਵਧੀਆ ਲੇਖ ਆਪਣੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਦਫ਼ਤਰ ਵਿਖੇ ਮਿਤੀ 10 ਜੁਲਾਈ 2018 ਤੱਕ ਹਰ ਹਾਲਤ ਵਿੱਚ ਪੁੱਜਦਾ ਕੀਤੇ ਜਾਣ।

3.0 ਜ਼ਿਲ੍ਹਾ ਪੱਧਰ ਤੇ ਲੇਖਾਂ ਦੀ ਚੋਣ ਕਰਨ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਵੱਲੋਂ ਇੱਕ ਕਮੇਟੀ ਦਾ ਗਠਨ ਕੀਤਾ ਜਾਵੇ, ਜਿਸ ਵਿੱਚ ਡੀ.ਐਮ. (ਮੈਥ/ਐਸ.ਐਸ.ਟੀ./ਸਾਇੰਸ/ਇੰਗਲਿਸ਼) ਅਤੇ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਸ਼ਾਮਿਲ ਕੀਤਾ ਜਾਵੇ। ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਵੱਲੋਂ ਆਪਣੇ ਜ਼ਿਲ੍ਹੇ ਦੇ 10 ਵਧੀਆ ਲੇਖਾਂ ਦੀ ਚੋਣ ਕਰਕੇ ਮਿਤੀ 20 ਜੁਲਾਈ, 2018 ਤੱਕ ਹਰ ਹਾਲਤ ਵਿੱਚ ਡੀ.ਜੀ.ਐਸ.ਈ. ਦਫ਼ਤਰ ਵਿਖੇ ਪਹੁੰਚਣਾ ਯਕੀਨੀ ਬਣਾਇਆ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ